# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 26-08-2024**

- ਕੇਂਦਰ ਸਰਕਾਰ ਨੇ ਲੱਦਾਖ ਵਿੱਚ ਪੰਜ ਨਵੇਂ ਜ਼ਿਲ੍ਹੇ ਬਣਾਉਣ ਦਾ ਫੈਸਲਾ ਕੀਤਾ ਏ।
- ਸੀਮਾ ਸੁਰੱਖਿਆ ਬਲ ਨੇ, ਡਰੋਨ ਤਕਨਾਲੋਜੀ: ਸਰਹੱਦੀ ਪ੍ਰਬੰਧਨ ਲਈ ਨੈਤਿਕਤਾ ਅਤੇ ਐਪਲੀਕੇਸ਼ਨ" ਸਿਰਲੇਖ ਵਾਲਾ ਪੰਜ ਦਿਨਾਂ ਬੂਟ-ਕੈਂਪ ਸ਼ੁਰੂ ਕੀਤਾ।
- ਪੰਜਾਬ ਸਮੇਤ ਦੇਸ਼ ਭਰ ਵਿਚ, ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ, ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ।
- ਰੋਪੜ ਦਾ ਪੰਜ ਸਾਲ ਦਾ ਤੇਗਬੀਰ ਸਿੰਘ, ਮਾਊਂਟ ਕਿਲੀਮੰਜਾਰੋ ਨੂੰ ਸਰ ਕਰਨ ਵਾਲਾ, ਸਭ ਤੋਂ ਘੱਟ ਉਮਰ ਦਾ ਏਸ਼ਿਆਈ ਬਣਿਆ।

---

ਕੇਂਦਰ ਸਰਕਾਰ ਨੇ ਕੇਂਦਰ ਸ਼ਾਸਤ ਪ੍ਰਦੇਸ਼ ਲੱਦਾਖ ਵਿੱਚ ਪੰਜ ਨਵੇਂ

ਜ਼ਿਲ੍ਹੇ, ਜ਼ਾਂਸਕਰ, ਦਰਾਸ, ਸ਼ਾਮ, ਨੁਬਰਾ ਅਤੇ ਚਾਂਗਥਾਂਗ ਬਣਾਉਣ ਦਾ ਫੈਸਲਾ ਕੀਤਾ ਏ। ਅੱਜ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨੇ ਕਿਹਾ ਏ, ਕਿ ਗ੍ਰਹਿ ਮੰਤਰਾਲੇ ਨੇ ਇੱਕ ਵਿਕਸਤ ਅਤੇ ਖੁਸ਼ਹਾਲ ਲੱਦਾਖ  ਲਈ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੇ ਨਜ਼ਰੀਏ ਦੀ ਪੈਰਵੀ ਕਰਨ ਲਈ, ਕੇਂਦਰ ਸ਼ਾਸਤ ਪ੍ਰਦੇਸ਼ ਵਿੱਚ ਪੰਜ ਨਵੇਂ ਜ਼ਿਲ੍ਹੇ ਬਣਾਉਣ ਦਾ ਫੈਸਲਾ ਕੀਤਾ ਏ। ਉਨ੍ਹਾਂ ਕਿਹਾ, ਨਵੇਂ ਜ਼ਿਲ੍ਹੇ ਹਰ ਪੱਧਰ 'ਤੇ ਪ੍ਰਸ਼ਾਸਨ ਨੂੰ ਮਜ਼ਬੂਤ ਕਰਕੇ ਲੋਕਾਂ ਲਈ ਲਾਭ ਉਨ੍ਹਾਂ ਦੇ ਦਰ ਤੱਕ ਪਹੁੰਚਾਉਣਗੇ। ਉਨ੍ਹਾਂ ਕਿਹਾ ਕਿ ਸਰਕਾਰ ਲੱਦਾਖ ਦੇ ਲੋਕਾਂ ਲਈ, ਭਰਪੂਰ ਮੌਕੇ ਪੈਦਾ ਕਰਨ ਲਈ ਵਚਨਬੱਧ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੱਦਾਖ ਵਿੱਚ ਪੰਜ ਨਵੇਂ ਜ਼ਿਲ੍ਹੇ ਬਣਾਉਣ ਦੇ ਫੈਸਲੇ ਦੀ ਸ਼ਲਾਘਾ ਕੀਤੀ ਏ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਬਿਹਤਰ ਸ਼ਾਸਨ ਅਤੇ ਖੁਸ਼ਹਾਲੀ ਵੱਲ ਇੱਕ ਕਦਮ ਏ। ਉਨ੍ਹਾਂ ਨੇ ਲੱਦਾਖ ਦੇ ਲੋਕਾਂ ਨੂੰ ਵਧਾਈ ਵੀ ਦਿੱਤੀ।

---------------------------------------------------------------

ਸੀਮਾ ਸੁਰੱਖਿਆ ਬਲ ਨੇ ਜਲੰਧਰ ਦੇ ਡਾ: ਬੀ.ਆਰ. ਅੰਬੇਡਕਰ

ਨੈਸ਼ਨਲ ਇੰਸਟੀਚਿਊਟ ਆਫ ਟੈਕਨਾਲੋਜੀ ਅਤੇ ਇਲੈਕਟ੍ਰੋਨਿਕਸ ਅਤੇ ਸੂਚਨਾ ਤਕਨਾਲੋਜੀ ਮੰਤਰਾਲੇ ਦੇ ਸਹਿਯੋਗ ਨਾਲ, ਡਰੋਨ ਤਕਨਾਲੋਜੀ: ਸਰਹੱਦੀ ਪ੍ਰਬੰਧਨ ਲਈ ਨੈਤਿਕਤਾ ਅਤੇ ਐਪਲੀਕੇਸ਼ਨ" ਸਿਰਲੇਖ ਵਾਲਾ ਪੰਜ ਦਿਨਾਂ ਬੂਟ-ਕੈਂਪ ਅੱਜ ਤੋਂ ਸ਼ੁਰੂ ਕੀਤਾ । BSF ਦੇ ਇੰਸਪੈਕਟਰ ਜਨਰਲ ਡਾ. ਅਤੁਲ ਫੁਲਜ਼ਲੇਨੇ ਇਸ ਕੈਂਪ ਦਾ ਉਦਘਾਟਨ ਕੀਤਾ। ਇਸ ਬੂਟ-ਕੈਂਪ ਦਾ ਉਦੇਸ਼ ਬੀ.ਐੱਸ.ਐੱਫ. ਦੇ ਜਵਾਨਾਂ ਦੀਆਂ ਸੰਚਾਲਨ ਸਮਰੱਥਾਵਾਂ ਨੂੰ ਵਧਾਉਣਾ ਏ । ਡਰੋਨ ਟੈਕਨਾਲੋਜੀ ਦੇ ਮਾਹਿਰਾਂ ਦੁਆਰਾ ਕਰਵਾਈ ਜਾ ਰਹੀ ਸਿਖਲਾਈ, ਪ੍ਰਭਾਵਸ਼ਾਲੀ ਸਰਹੱਦੀ ਪ੍ਰਬੰਧਨ ਅਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ ਦਾ ਮੁਕਾਬਲਾ ਕਰਨ ਲਈ ਡਰੋਨ ਦੀ ਰਣਨੀਤਕ ਵਰਤੋਂ 'ਤੇ ਕੇਂਦ੍ਰਿਤ ਏ. ਇਹ ਪਹਿਲਕਦਮੀ BSF ਦੀ ਇਸ ਦੇ ਸੰਚਾਲਨ ਨਾਲ ਉੱਨਤ ਤਕਨਾਲੋਜੀ ਨੂੰ ਜੋੜਨ ਦੀ ਵਚਨਬੱਧਤਾ ਨੂੰ ਉਜਾਗਰ ਕਰਦੀ ਏ।

---------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਵੱਲੋਂ ਹਫ਼ਤੇ

ਦੇ ਹਰ ਸੋਮਵਾਰ ਲਗਾਏ ਜਾਂਦੇ ਲੋਕ ਮਿਲਣੀ ਪ੍ਰੋਗਰਾਮਾਂ ਦਾ ਸਿਲਸਿਲਾ ਲਗਾਤਾਰ ਜਾਰੀ ਏ। ਅੱਜ ਉਨ੍ਹਾਂ ਪਿੰਡ ਸੰਧਵਾਂ ਵਿਖੇ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਮੌਕੇ ਤੇ ਮੌਜੂਦ ਅਧਿਕਾਰੀਆਂ ਕਰਮਚਾਰੀਆਂ ਨੂੰ ਫੌਰੀ ਹੱਲ ਦੇ ਨਿਰਦੇਸ਼ ਦਿੱਤੇ। ਕੁਲਤਾਰ ਸਿੰਘ ਸੰਧਵਾਂ  ਨੇ ਕਿਹਾ ਕਿ ਉਨ੍ਹਾਂ ਦਾ ਇੱਕੋ ਇੱਕ ਮਕਸਦ ਏ ਕਿ ਉਨ੍ਹਾਂ ਦੀ ਸਰਕਾਰ ਵੇਲੇ ਕਿਸੇ ਵੀ ਨੂੰ ਆਪਣੇ ਸਰਕਾਰੀ ਕੰਮਾਂ ਜਾਂ ਹੋਰ ਸਮੱਸਿਆਵਾਂ ਲਈ ਕਿਸੇ ਮੁਸ਼ਕਿਲ ਦਾ ਸਾਹਮਣਾ ਨਾ ਕਰਨਾ ਪਵੇ।

---------------------------------------------------------------

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਪੰਜਾਬ ਸਰਕਾਰ ਨੂੰ ਪੱਤਰ ਲਿਖ ਕੇ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਲਈ ਜਾਣ ਵਾਲੇ, ਸਰਕਾਰੀ ਕਰਮਚਾਰੀਆਂ ਨੂੰ ਵਿਦੇਸ਼ ਛੁੱਟੀ ਤੋਂ ਛੋਟ ਦੀ ਮੰਗ ਕੀਤੀ ਏ। ਸ਼੍ਰੋਮਣੀ ਕਮੇਟੀ ਨੇ ਅਮਲਾ ਵਿਭਾਗ ਦੇ ਸਕੱਤਰ ਨੂੰ ਲਿਖੇ ਪੱਤਰ ਵਿਚ ਕਿਹਾ ਏ ਕਿ  ਸ੍ਰੀ ਗੁਰੂ ਨਾਨਕ ਦੇਵ ਜੀ ਦੇ 550 ਸਾਲਾ ਪ੍ਰਕਾਸ਼ ਪੁਰਬ ਮੌਕੇ ਪਾਕਿਸਤਾਨ ਸਥਿਤ ਸ੍ਰੀ ਕਰਤਾਰਪੁਰ ਸਾਹਿਬ ਜਾਣ ਵਾਲੇ

ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਵਿਦੇਸ਼ ਛੁੱਟੀ ਤੋਂ ਛੋਟ ਦਿੱਤੀ ਹੋਈ ਸੀ, ਜਿਸ ਨੂੰ ਹੁਣ ਪੰਜਾਬ ਸਰਕਾਰ ਨੇ ਅੱਗੇ ਨਹੀਂ ਵਧਾਇਆ। ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਨਾਲ ਸਬੰਧਤ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਪ੍ਰਤੀ ਸਿੱਖ ਸੰਗਤਾਂ ਦੀ ਵੱਡੀ ਆਸਥਾ ਏ। ਉਨ੍ਹਾਂ ਕਿਹਾ ਕਿ ਮੁਲਾਜ਼ਮਾਂ ਵੱਲੋਂ ਸ਼੍ਰੋਮਣੀ ਕਮੇਟੀ ਨੂੰ ਪੱਤਰ ਭੇਜੇ ਹਨ ਕਿ ਉਨ੍ਹਾਂ ਨੂੰ ਸ੍ਰੀ ਕਰਤਾਰ ਸਾਹਿਬ ਦੇ ਦਰਸ਼ਨਾਂ ਲਈ ਜਾਣ ਸਮੇਂ ਵੱਡੀਆਂ ਮੁਸ਼ਕਲਾਂ ਆ ਰਹੀਆਂ ਨੇ। ਪ੍ਰਤਾਪ ਸਿੰਘ ਨੇ ਪੰਜਾਬ ਸਰਕਾਰ ਪਾਸੋਂ ਮੰਗ ਕੀਤੀ ਕਿ ਸਰਕਾਰ ਦੇ ਸਮੂਹ ਅਧਿਕਾਰੀ/ਕਰਮਚਾਰੀਆਂ ਨੂੰ ਵਿਦੇਸ਼ ਛੁੱਟੀ ਦੀ ਪ੍ਰਕਿਰਿਆ ਤੋਂ ਪੱਕੇ ਤੌਰ ’ਤੇ ਛੋਟ ਦਿੱਤੀ ਜਾਵੇ, ਤਾਂ ਜੋ ਉਹ ਪਾਕਿਸਤਾਨ ਸਥਿਤ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਦੀਦਾਰੇ ਕਰ ਸਕਣ।

---------------------------------------------------------------

ਅੱਜ ਪੰਜਾਬ ਸਮੇਤ ਦੇਸ਼ ਭਰ ਵਿਚ ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ । ਇਹ ਤਿਉਹਾਰ ਭਗਵਾਨ ਸ਼੍ਰੀ ਕ੍ਰਿਸ਼ਨ ਦੇ ਜਨਮ ਦੀ ਯਾਦ ਵਿੱਚ ਮਨਾਇਆ

ਜਾਂਦਾ ਏ । ਇਸ ਮੌਕੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਮੰਦਰਾਂ ਵਿੱਚ ਦਰਸ਼ਨਾਂ ਲਈ ਪਹੁੰਚ ਰਹੇ ਨੇ। ਜਲੰਧਰ ਦੇ ਦੇਵੀ ਤਲਾਅ ਮੰਦਰ ਅਤੇ ਹੋਰਨਾਂ ਮੰਦਰਾਂ ਨੂੰ, ਖ਼ੂਬਸੂਰਤ ਢੰਗ ਨਾਲ ਸਜਾਇਆ ਜਾ ਰਿਹਾ ਏ। ਓਧਰ ਉੱਤਰ ਪ੍ਰਦੇਸ਼ ਦੇ ਮਥੁਰਾ ਅਤੇ ਵ੍ਰਿੰਦਾਵਨ 'ਚ ਵੀ ਖਾਸ ਉਤਸ਼ਾਹ ਵੇਖਿਆ ਜਾ ਰਿਹਾ ਏ । ਰਾਸ਼ਟਰਪਤੀ ਦ੍ਰੋਪਦੀ ਮੁਰਮੂ, ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਲੋਕਾਂ ਨੂੰ ਜਨਮ ਅਸ਼ਟਮੀ ਦੀ ਵਧਾਈ ਦਿੱਤੀ ਏ । ਰਾਸ਼ਟਰਪਤੀ ਨੇ ਕਿਹਾ ਕਿ ਖੁਸ਼ੀ ਦਾ ਇਹ ਤਿਉਹਾਰ ਸਾਨੂੰ ਭਗਵਾਨ ਕ੍ਰਿਸ਼ਨ ਦੇ ਬ੍ਰਹਮ ਆਦਰਸ਼ਾਂ ਨੂੰ ਸਮਰਪਿਤ ਕਰਨ ਲਈ ਪ੍ਰੇਰਿਤ ਕਰਦਾ ਏ । ਰਾਸ਼ਟਰਪਤੀ ਨੇ ਸਾਰਿਆਂ ਨੂੰ ਭਗਵਾਨ ਕ੍ਰਿਸ਼ਨ ਦੀਆਂ ਸਿੱਖਿਆਵਾਂ ਨੂੰ ਅਪਣਾਉਣ ਅਤੇ ਦੇਸ਼ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਕੰਮ ਕਰਨ ਦਾ ਪ੍ਰਣ ਕਰਨ ਦੀ ਵੀ ਅਪੀਲ ਕੀਤੀ। ਉਪ ਰਾਸ਼ਟਰਪਤੀ ਨੇ ਕਿਹਾ ਕਿ ਇਹ ਤਿਉਹਾਰ ਧਰਮ ਦੀਆਂ ਸਦੀਵੀ ਕਦਰਾਂ-ਕੀਮਤਾਂ, ਬੁਰਾਈ 'ਤੇ ਚੰਗਿਆਈ ਦੀ ਜਿੱਤ, ਸੱਚਾਈ ਅਤੇ ਦਇਆ 'ਤੇ ਆਧਾਰਿਤ ਜੀਵਨ ਦੀ ਮਹੱਤਤਾ ਨੂੰ ਦਰਸਾਉਂਦਾ ਏ। ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ

ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ  ਜਨਮ ਅਸ਼ਟਮੀ ਦੇ ਪਾਵਨ ਤਿਉਹਾਰ ਮੌਕੇ  ਲੋਕਾਂ ਨੂੰ ਵਧਾਈ ਦੀਦਿਆਂ ਆਪਣੇ ਸੰਦੇਸ਼ ਵਿੱਚ ਕਿਹਾ ਕਿ ਭਗਵਾਨ ਸ੍ਰੀ ਕ੍ਰਿਸ਼ਨ ਜੀ ਦੇ ਜੀਵਨ ਅਤੇ ਸਿੱਖਿਆਵਾਂ ਵਿੱਚ ਮਾਨਵਤਾ ਦੀ ਭਲਾਈ ਅਤੇ ਨੇਕੀ ਦਾ ਸੰਦੇਸ਼ ਸ਼ਾਮਲ ਏ। ਮਾਲੇਰਕੋਟਲਾ ਦੇ ਵਿਧਾਇਕ, ਡਾ ਜਮੀਲ ਉਰ ਰਹਿਮਾਨ ਨੇ ਜਨਮ ਅਸ਼ਟਮੀ  'ਤੇ ਜ਼ਿਲ੍ਹੇ ਦੀ ਅਵਾਮ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਨੇ। ਉਨ੍ਹਾਂ ਨੇ ਕਿਹਾ ਕਿ ਇਹ ਤਿਉਹਾਰ ਲੋਕਾਂ ਦੇ ਦਰਮਿਆਨ ਪ੍ਰੇਮ ਅਤੇ ਭਗਤੀ ਦੀ ਭਾਵਨਾ ਨੂੰ ਉਤਸ਼ਾਹਿਤ ਕਰਦਾ ਏ।

---------------------------------------------------------

ਜਨ੍ਮਸ਼ਟਮੀ ਮੌਕੇ ਸੂਬੇ ਭਰ ਦੇ ਲੋਕਾਂ ਵਿਚ ਉਤਸ਼ਾਹ ਵੇਖਣ ਨੂੰ ਮਿਲ ਰਿਹਾ ਏ। ਆਕਾਸ਼ਵਾਣੀ ਜਲੰਧਰ ਨਾਲ ਗੱਲਬਾਤ ਕਰਦਿਆਂ ਵੱਖ ਵੱਖ ਜ਼ਿਲਿਆਂ ਤੋਂ ਲੋਕਾਂ ਨੇ ਕਿਹਾ।

**BYTE:**

---------------------------------------------------------

ਮੁਹਾਲੀ ਦੇ  ਸ਼ੈਮਰਾਕ ਸੀਨੀਅਰ ਸਕੈਂਡਰੀ ਸਕੂਲ  'ਚ ਜਨਮ ਅਸ਼ਟਮੀ

ਦਾ ਦਿਹਾੜਾ ਬਹੁਤ ਸ਼ਰਧਾ ਅਤੇ ਭਾਵਨਾ ਨਾਲ ਮਨਾਇਆ ਗਿਆ । ਇਸ ਦੌਰਾਨ ਵਿਦਿਆਰਥੀਆਂ ਨੇ ਰਾਧਾ ਕ੍ਰਿਸ਼ਨ, ਬਲਰਾਮ,ਸੁਦਾਮਾ, ਗੋਪੀਆਂ ਅਤੇ ਗਵਾਲਿਆਂ ਦੇ ਪਹਿਰਾਵੇ ਪਹਿਨ ਕੇ ਬ੍ਰਿਦਾਵਨ ਦੇ ਦ੍ਰਿਸ਼ਾਂ ਨੂੰ ਪੇਸ਼ ਕੀਤਾ । ਸਭ ਤੋਂ ਆਕਰਸ਼ਕ ਛੋਟੇ-ਛੋਟੇ ਗੋਵਿਦਾ ਵਲੋਂ "ਮਟਕੀ ਤੋੜ" ਦਾ ਦ੍ਰਿਸ਼ ਰਿਹਾ, ਜਿਸ ਦੌਰਾਨ ਕ੍ਰਿਸ਼ਨ ਦਾ ਰੂਪ ਧਾਰੀ ਵਿਦਿਆਰਥੀਆਂ ਨੇ ਇਸ ਮਟਕੀ ਨੂੰ ਤੋੜਿਆ । ਇਸ ਦੇ ਨਾਲ ਹੀ ਸੀਨੀਅਰ ਵਿਦਿਆਰਥੀਆਂ ਨੂੰ ਭਗਵਤ ਗੀਤਾ ਦੇ ਸਾਰ ਬਾਰੇ ਵੀ ਵਿਸਥਾਰ ਸਹਿਤ ਜਾਣਕਾਰੀ ਦਿਤੀ ਗਈ । ਚੇਅਰਮੈਨ ਏ. ਐੱਸ. ਬਾਜਵਾ ਨੇ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਨੂੰ ਜਨਮ-ਅਸ਼ਟਮੀ ਦੇ ਇਸ ਦਿਹਾੜੇ ਦੀ ਵਧਾਈ ਦਿਤੀ ।

---------------------------------------------------------------

ਰੋਪੜ ਦਾ ਪੰਜ ਸਾਲਾ ਤੇਗਬੀਰ ਸਿੰਘ ਮਾਊਂਟ ਕਿਲੀਮੰਜਾਰੋ 'ਤੇ ਚੜ੍ਹਨ ਵਾਲਾ ਸਭ ਤੋਂ ਘੱਟ ਉਮਰ ਦਾ ਏਸ਼ਿਆਈ ਬਣ ਗਿਆ ਏ । ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਉਨ੍ਹਾਂ ਨੂੰ ਵਧਾਈ ਦਿੱਤੀ ਏ । ਡੀ.ਜੀ.ਪੀ ਨੇ ਐਕਸ 'ਤੇ ਲਿਖਿਆ ਕਿ ਤੇਗਬੀਰ ਸਿੰਘ ਦਾ ਦ੍ਰਿੜ ਇਰਾਦਾ ਸਾਡੇ

ਸਾਰਿਆਂ ਲਈ ਪ੍ਰੇਰਨਾ ਏ । ਉਸ ਦੀਆਂ ਪ੍ਰਾਪਤੀਆਂ ਦੂਜਿਆਂ ਨੂੰ ਉਨ੍ਹਾਂ ਦੀਆਂ ਹੱਦਾਂ ਤੋਂ ਬਾਹਰ ਜਾਣ ਅਤੇ ਮਹਾਨਤਾ ਲਈ ਯਤਨ ਕਰਨ ਵਾਸਤੇ ਪ੍ਰੇਰਿਤ ਕਰਨਗੀਆਂ । ਜ਼ਿਕਰਯੋਗ ਏ ਕਿ ਤੇਗਬੀਰ ਨੇ 18 ਅਗਸਤ ਨੂੰ ਚੜ੍ਹਾਈ ਸ਼ੁਰੂ ਕੀਤੀ ਸੀ ਤੇ 23 ਅਗਸਤ ਨੂੰ ਉਹ ਚੋਟੀ ਦੇ ਸਭ ਤੋਂ ਉੱਚੇ ਪੁਆਇੰਟ 'ਤੇ 23 ਅਗਸਤ ਨੂੰ ਪਹੁੰਚ ਗਿਆ ।

---------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ, 29 ਅਗਸਤ ਤੋਂ ਸ਼ੁਰੂ ਹੋਣ ਵਾਲੀਆਂ ‘ਖੇਡਾਂ ਵਤਨ ਪੰਜਾਬ ਦੀਆਂ’ ਦੇ ਤੀਜੇ ਸੰਸਕਰਣ ਲਈ ਅੱਜ ਟੀ-ਸ਼ਰਟ ਅਤੇ ਲੋਗੋ ਜਾਰੀ ਕੀਤਾ । ਚੰਡੀਗੜ੍ਹ ਵਿਖੇ ਇਸ ਮੌਕੇ ਮੁੱਖ ਮੰਤਰੀ ਨੇ ਕਿਹਾ ਕਿ ਹਾਕੀ ਦੇ ਜਾਦੂਗਰ ਮੇਜਰ ਧਿਆਨ ਚੰਦ ਦੇ ਜਨਮ ਦਿਨ 'ਤੇ ਕੌਮੀ ਖੇਡ ਦਿਵਸ ਦੀ ਯਾਦ ਵਿੱਚ 29 ਅਗਸਤ ਨੂੰ ਇਹ ਖੇਡ ਮੁਕਾਬਲਾ ਸ਼ੁਰੂ ਕੀਤਾ ਜਾਵੇਗਾ । ਉਨ੍ਹਾਂ ਦੱਸਿਆ ਕਿ ਦੋ ਮਹੀਨੇ ਤੋਂ ਵੱਧ ਸਮੇਂ ਤੱਕ ਚੱਲਣ ਵਾਲੇ ਇਸ ਖੇਡ ਮੇਲੇ ਦਾ ਆਗਾਜ਼ ਸੰਗਰੂਰ ਦੇ ਵਾਰ ਹੀਰੋਜ਼ ਸਟੇਡੀਅਮ ਤੋਂ ਹੋਵੇਗਾ । ਉਨ੍ਹਾਂ ਕਿਹਾ ਕਿ ਇਹ ਬਹੁਤ ਹੀ ਮਾਣ ਅਤੇ ਤਸੱਲੀ ਵਾਲੀ ਗੱਲ ਏ ਕਿ ਇਸ ਵਾਰ 37 ਖੇਡਾਂ ਦੇ 9 ਉਮਰ

ਵਰਗਾਂ ਵਿੱਚ ਪੰਜ ਲੱਖ ਦੇ ਕਰੀਬ ਖਿਡਾਰੀ ਤਗ਼ਮਿਆਂ ਲਈ ਮਦਾਨ ਵਿਚ ਉਤਰਨਗੇ। ਮੁੱਖ ਮੰਤਰੀ ਨੇ ਕਿਹਾ ਕਿ ਜੇਤੂਆਂ ਨੂੰ 9 ਕਰੋੜ ਰੁਪਏ ਤੋਂ ਵੱਧ ਦੇ ਨਕਦ ਇਨਾਮ ਵੰਡੇ ਜਾਣਗੇ।

----------------------------------------------------

ਮੁਹਾਲੀ ਜ਼ਿਲ੍ਹੇ 'ਚ ਸੀ.ਆਈ.ਏ. ਸਟਾਫ ਦੀ ਟੀਮ ਨੇ 2 ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ, ਉਨ੍ਹਾਂ ਕੋਲੋਂ 10 ਕਿੱਲੋਗ੍ਰਾਮ ਅਫੀਮ ਬਰਾਮਦ ਕੀਤੀ ਏ। ਇੰਸਪੈਕਟਰ ਹਰਮਿੰਦਰ ਸਿੰਘ ਨੇ ਦਸਿਆ ਕਿ ਦੋਸ਼ੀਆਂ ਦੀ ਪਛਾਣ ਇੰਦਰਜੀਤ ਸਿੰਘ ਅਤੇ ਨਵਪ੍ਰੀਤ ਸਿੰਘ ਵਜੋਂ ਹੋਈ ਏ ਅਤੇ ਦੋਵੇਂ ਤਰਨਤਾਰਨ ਜ਼ਿਲ੍ਹੇ ਦੇ ਪਿੰਡ ਰਸੂਲਪੁਰ ਦੇ ਰਹਿਣ ਵਾਲੇ ਨੇ। ਦੋਵੇਂ ਦੋਸ਼ੀ ਆਪਸ ਵਿੱਚ ਮਿਲਕੇ ਨਸ਼ਾ ਤਸਕਰੀ ਅਫੀਮ ਵੇਚਣ ਦਾ ਧੰਦਾ ਕਰਦੇ ਨੇ। ਇਹ ਅਫੀਮ ਦੀ ਖੇਪ ਝਾਰਖੰਡ ਤੋਂ ਮੰਗਵਾਉਂਦੇ ਨੇ ਅਤੇ ਪੰਜਾਬ ਵਿੱਚ ਵੱਖ -ਵੱਖ ਜਗ੍ਹਾ 'ਤੇ ਵੇਚਦੇ ਨੇ।

----------------------------------------------------

**<u>ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ</u>**

- ਕੇਂਦਰ ਸਰਕਾਰ ਨੇ ਲੱਦਾਖ ਵਿੱਚ ਪੰਜ ਨਵੇਂ ਜ਼ਿਲ੍ਹੇ ਬਣਾਉਣ ਦਾ ਫੈਸਲਾ ਕੀਤਾ ਏ।
- ਸੀਮਾ ਸੁਰੱਖਿਆ ਬਲ ਨੇ, ਡਰੋਨ ਤਕਨਾਲੋਜੀ: ਸਰਹੱਦੀ ਪ੍ਰਬੰਧਨ ਲਈ ਨੈਤਿਕਤਾ ਅਤੇ ਐਪਲੀਕੇਸ਼ਨ"  ਸਿਰਲੇਖ ਵਾਲਾ ਪੰਜ ਦਿਨਾਂ ਬੂਟ-ਕੈਂਪ ਸ਼ੁਰੂ ਕੀਤਾ।
- ਪੰਜਾਬ ਸਮੇਤ ਦੇਸ਼ ਭਰ ਵਿਚ, ਸ਼੍ਰੀ ਕ੍ਰਿਸ਼ਨ ਜਨਮ ਅਸ਼ਟਮੀ ਦਾ ਤਿਉਹਾਰ, ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਜਾ ਰਿਹਾ ਏ।
- ਰੋਪੜ ਦਾ ਪੰਜ ਸਾਲ ਦਾ ਤੇਗਬੀਰ ਸਿੰਘ, ਮਾਊਂਟ ਕਿਲੀਮੰਜਾਰੋ ਨੂੰ ਸਰ ਕਰਨ ਵਾਲਾ, ਸਭ ਤੋਂ ਘੱਟ ਉਮਰ ਦਾ ਏਸ਼ਿਆਈ ਬਣਿਆ।